# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :11-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਦਿੱਲੀ ਧਮਾਕੇ ਦੇ ਸਾਜ਼ਿਸਕਾਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਾਰੇ ਜ਼ਿੰਮੇਵਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ।

ਧਮਾਕੇ ਤੋਂ ਬਾਅਦ ਸਥਿਤੀ ਦਾ ਜਾਇਜ਼ਾ ਲੈਣ ਲਈ, ਗ੍ਰਹਿ ਮੰਤਰੀ ਅਮਿਤ ਸ਼ਾਹ, ਨੇ ਇੱਕ ਉੱਚ-ਪੱਧਰੀ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ- ਗ੍ਰਹਿ ਮੰਤਰਾਲੇ ਨੇ ਘਟਨਾ ਦੀ ਜਾਂਚ, ਰਾਸ਼ਟਰੀ ਜਾਂਚ ਏਜੰਸੀ ਨੂੰ ਸੌਂਪੀ ।

ਤਰਨਤਾਰਨ ਵਿਧਾਨ ਸਭਾ ਹਲਕੇ ਵਿਚ ਜ਼ਿਮਨੀ ਚੋਣ ਲਈ ਵੋਟ ਪਾਉਣ ਦਾ ਅਮਲ, ਅਮਨ-ਅਮਾਨ ਨਾਲ ਨੇਪਰੇ ਚੜ੍ਹਿਆ।

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੇ ਹਿੱਸੇ ਵਜੋਂ ਅਗਲੇ ਗੇੜ ਦੇ ਲਾਈਟ ਐਂਡ ਸਾਊਂਡ ਸ਼ੋਅ ਅੱਜ ਅੰਮ੍ਰਿਤਸਰ, ਫਿਰੋਜ਼ਪੁਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਸੰਗਰੂਰ ਵਿਖੇ ਕਰਵਾਏ ਜਾ ਰਹੇ ਨੇ।

ਪੰਜਾਬ ਪੁਲਿਸ ਦੇ ਇੰਸਪੈਕਟਰ ਲਖਵਿੰਦਰ ਸਿੰਘ ਨੇ ਗਾਜ਼ੀਆਬਾਦ ਵਿਖੇ ਮਾਸਟਰਜ਼ ਇੰਟਰਨੈਸ਼ਨਲ ਟੈਂਟ ਪੈਗਿੰਗ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ।

**ਹੁਣ ਖਬਰਾਂ ਵਿਸਥਾਰ ਨਾਲ**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦਿੱਲੀ ਵਿੱਚ ਵਾਪਰੀ ਭਿਆਨਕ ਘਟਨਾ ਦੇ ਸਾਜ਼ਿਸਕਾਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ

ਸਾਰੇ ਜ਼ਿੰਮੇਵਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ। ਭੂਟਾਨ ਦੇ THIMPU ਵਿੱਚ, ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ।

BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਅੱਜ ਬਹੁਤ ਹੀ ਭਾਰੀ ਮਨ ਨਾਲ ਭੂਟਾਨ ਆਏ ਨੇ ਅਤੇ ਬੀਤੀ ਸ਼ਾਮ ਦਿੱਲੀ ਵਿੱਚ ਵਾਪਰੀ ਘਟਨਾ ਨੇ ਸਾਰਿਆਂ ਨੂੰ ਬਹੁਤ ਦੁਖੀ ਕੀਤਾ ਏ। ਸ੍ਰੀ ਮੋਦੀ ਨੇ ਕਿਹਾ ਕਿ ਉਹ ਪ੍ਰਭਾਵਿਤ ਪਰਿਵਾਰਾਂ ਦੇ ਦਰਦ ਨੂੰ ਸਮਝਦੇ ਨੇ ਅਤੇ ਪੂਰਾ ਦੇਸ਼ ਉਨ੍ਹਾਂ ਦੇ ਨਾਲ ਖੜ੍ਹਾ ਏ।

--------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੰਗੋਲਾ ਤੋਂ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨਾਲ ਫ਼ੋਨ 'ਤੇ ਗੱਲਬਾਤ ਕੀਤੀ। ਸੂਤਰਾਂ ਅਨੁਸਾਰ, ਰਾਸ਼ਟਰਪਤੀ ਨੂੰ ਕੱਲ੍ਹ ਸ਼ਾਮ ਨਵੀਂ ਦਿੱਲੀ ਦੇ ਲਾਲ ਕਿਲ੍ਹੇ ਨੇੜੇ ਹੋਏ ਧਮਾਕੇ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਮਿਲੀ।

--------------------------------------------------------

ਕਾਰ ਬੰਬ ਧਮਾਕੇ ਤੋਂ ਬਾਅਦ ਸਥਿਤੀ ਦਾ ਜਾਇਜ਼ਾ ਲੈਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਆਪਣੇ ਨਿਵਾਸ ਸਥਾਨ 'ਤੇ ਇੱਕ ਉੱਚ ਪੱਧਰੀ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੀਟਿੰਗ ਵਿੱਚ ਕੇਂਦਰੀ ਗ੍ਰਹਿ ਸਕੱਤਰ, ਖੁਫੀਆ ਬਿਊਰੋ ਦੇ ਡਾਇਰੈਕਟਰ, ਦਿੱਲੀ ਪੁਲਿਸ ਕਮਿਸ਼ਨਰ ਅਤੇ ਰਾਸ਼ਟਰੀ ਜਾਂਚ ਏਜੰਸੀ ਦੇ ਡਾਇਰੈਕਟਰ ਜਨਰਲ ਸ਼ਾਮਲ ਹੋਏ। ਜੰਮੂ-ਕਸ਼ਮੀਰ ਦੇ ਪੁਲਿਸ ਡਾਇਰੈਕਟਰ ਜਨਰਲ ਵੀ ਵਰਚੁਅਲ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋਏ। ਗ੍ਰਹਿ ਮੰਤਰਾਲੇ ਨੇ ਘਟਨਾ ਦੀ ਜਾਂਚ, ਰਾਸ਼ਟਰੀ ਜਾਂਚ ਏਜੰਸੀ - NIA ਨੂੰ ਸੌਂਪ ਦਿੱਤੀ ਏ । ਸ਼ਹਿਰ ਦੇ ਸਾਰੇ ਸੰਵੇਦਨਸ਼ੀਲ ਖੇਤਰਾਂ ਵਿੱਚ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਏ । ਅਧਿਕਾਰੀ ਧਮਾਕੇ ਦੇ ਕਾਰਨਾਂ ਦਾ ਪਤਾ ਲਗਾਉਣ ਅਤੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਉੱਚ ਚੌਕਸੀ ਰੱਖ ਰਹੇ ਨੇ । ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ ਨੇ ਕਿਹਾ ਏ ਕਿ ਸੁਰੱਖਿਆ ਕਾਰਨਾਂ ਕਰਕੇ ਲਾਲ ਕਿਲ੍ਹਾ ਮੈਟਰੋ ਸਟੇਸ਼ਨ ਬੰਦ ਰਹੇਗਾ। ਬਾਕੀ ਸਾਰੇ ਸਟੇਸ਼ਨ ਆਮ ਤੌਰ 'ਤੇ ਕੰਮ ਕਰ ਰਹੇ ਹਨ।

ਕੱਲ੍ਹ ਲਾਲ ਕਿਲ੍ਹੇ ਨੇੜੇ ਹੋਏ ਧਮਾਕੇ ਵਿੱਚ ਅੱਠ ਲੋਕ ਮਾਰੇ ਗਏ ਅਤੇ ਕਈ ਹੋਰ ਜ਼ਖਮੀ ਹੋ ਗਏ।

--------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਭਰੋਸਾ ਦਿੱਤਾ ਕਿ ਦਿੱਲੀ ਕਾਰ ਬੰਬ ਧਮਾਕੇ ਲਈ ਜ਼ਿੰਮੇਦਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ ਅਤੇ ਕਿਸੇ ਵੀ ਹਾਲਤ ਵਿੱਚ ਉਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਅੱਜ ਨਵੀਂ ਦਿੱਲੀ ਵਿੱਚ ਦਿੱਲੀ ਰੱਖਿਆ ਸੰਵਾਦ ਨੂੰ ਸੰਬੋਧਨ ਕਰਦਿਆਂ, ਰੱਖਿਆ ਮੰਤਰੀ ਨੇ ਕਿਹਾ ।

BYTE

--------------------------------------------------------------

ਧਮਾਕੇ ਮਗਰੋਂ ਏਧਰ ਪੰਜਾਬ ਵਿੱਚ ਵੀ ਰੈੱਡ ਅਲਰਟ ਜਾਰੀ ਕਰ ਦਿੱਤਾ ਗਿਆ ਏ । ਸੰਵੇਦਨਸ਼ੀਲ ਥਾਵਾਂ 'ਤੇ ਪੁਲਿਸ ਬਲ ਤਾਇਨਾਤ ਕੀਤੇ ਗਏ ਨੇ, ਅਤੇ ਵਾਹਨਾਂ ਅਤੇ ਸ਼ੱਕੀ ਵਿਅਕਤੀਆਂ ਦੀ ਜਾਂਚ ਤੇਜ਼ ਕਰ ਦਿੱਤੀ ਗਈ ਏ। ਸੀਮਾ ਸੁਰੱਖਿਆ ਬਲ ਪਹਿਲਾਂ ਹੀ ਹਾਈ ਅਲਰਟ 'ਤੇ ਏ।

ਨਤੀਜੇ ਵਜੋਂ, ਵੱਖ ਵੱਖ ਰੇਲਵੇ ਸਟੇਸ਼ਨਾਂ 'ਤੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਏ।

---------------------------------------------------------

ਤਰਨਤਾਰਨ ਵਿਧਾਨ ਸਭਾ ਹਲਕੇ ਵਿਚ ਜ਼ਿਮਨੀ ਚੋਣ ਲਈ ਵੋਟ ਪਾਉਣ ਦਾ ਅਮਲ ਹੁਣ ਤੋਂ ਥੋੜੀ ਦੇਰ ਪਹਿਲਾਂ ਸ਼ਾਮ 6 ਵਜੇ ਸਮਾਪਤ ਹੋ ਗਿਆ। ਸ਼ਾਮ 5 ਵਜੇ ਤਕ 59.28 ਫੀਸਦੀ ਵੋਟਿੰਗ ਦਰਜ ਕੀਤੀ ਗਈ। ਹੁਣ ਕਤਾਰਾਂ ਵਿਚ ਲਗੇ ਹੋਏ ਲੋਕਾਂ ਦੀ ਵੋਟ ਹੀ ਭੁਗਤਾਈ ਜਾਵੇਗੀ। ਵੋਟਾਂ ਦੀ ਗਿਣਤੀ 14 ਨਵੰਬਰ ਨੂੰ ਹੋਵੇਗੀ

---------------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੇ ਹਿੱਸੇ ਵਜੋਂ ਅੱਜ ਅੰਮ੍ਰਿਤਸਰ, ਫਿਰੋਜ਼ਪੁਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਸੰਗਰੂਰ ਵਿਖੇ ਅਗਲੇ ਗੇੜ ਦੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਜਾ ਰਹੇ ਨੇ। ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਏ ਕਿ ਇਸ ਤੋਂ ਬਾਅਦ

14, 17 ਅਤੇ 20 ਨਵੰਬਰ ਨੂੰ ਵੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਹੋਣਗੇ। ਉਨ੍ਹਾਂ ਦੱਸਿਆ ਕਿ ਅੱਜ ਅੰਮ੍ਰਿਤਸਰ ਦੇ ਮੇਲਾ ਗਰਾਊਂਡ ਰਣਜੀਤ ਐਵੇਨਿਉ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਸ਼ਾਮਿਲ ਹੋਣਗੇ । ਇਸ ਤੋਂ ਇਲਾਵਾ ਫ਼ਿਰੋਜ਼ਪੁਰ ਦੇ ਕੈਨਟੋਨਮੈਂਟ ਸਟੇਡੀਅਮ ਵਿਖੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ,ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸਰਸ ਮੇਲਾ ਗਰਾਊਂਡ ਵਿਖੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਹਾਜ਼ਰੀ ਭਰਨਗੇ । ਸੰਗਰੂਰ ਦੇ ਰਣਬੀਰ ਕਾਲਜ ਵਿਖੇ ਖਜ਼ਾਨਾ ਮੰਤਰੀ ਡਵੋਕੇਟ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ, ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਸ਼ਾਮਿਲ ਹੋਣਗੇ।

---------------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਪ੍ਰਦੂਸ਼ਣ ਫੈਲਾਉਣ ਵਾਲਿਆਂ ਦੀ ਜਵਾਬਦੇਹੀ ਤੈਅ ਕਰਨ ਅਤੇ ਜ਼ਮੀਨੀ ਪੱਧਰ ‘ਤੇ ਇਸਦੀ ਪਾਲਣਾ ਨੂੰ

ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਫੈਸਲਾਕੁੰਨ ਕਦਮ ਚੁੱਕਦਿਆਂ ਮੁਸ਼ਕਲ ਨਾਲ ਮੁੜ ਵਰਤੇ ਜਾਣ ਵਾਲੇ ਹੋਣ ਵਾਲੇ ਪਲਾਸਟਿਕ ਰਹਿੰਦ ਖੂੰਹਦ ਪੈਦਾ ਕਰਨ ਲਈ ਜ਼ਿੰਮੇਵਾਰ 14 ਪ੍ਰਮੁੱਖ ਬ੍ਰਾਂਡਾਂ ਨੂੰ ਤਲਬ ਕੀਤਾ ਏ । ਬੋਰਡ ਨੇ ਇਨ੍ਹਾਂ ਕੰਪਨੀਆਂ ਨੂੰ ਸਪੱਸ਼ਟ, ਸਮਾਂ-ਬੱਧ ਰਣਨੀਤੀਆਂ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ ਜੋ ਖਪਤਕਾਰਾਂ ਨੂੰ ਵਰਤੋਂ ਤੋਂ ਬਾਅਦ ਪਲਾਸਟਿਕ ਪੈਕੇਜਿੰਗ ਵਾਪਸ ਕਰਨ ਲਈ ਉਤਸ਼ਾਹਿਤ ਕਰਦੀਆਂ ਹਨ। ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਕਿ ਕਿਸੇ ਵੀ ਕੰਪਨੀ ਨੂੰ ਪੰਜਾਬ ਵਿੱਚ ਪ੍ਰਦੂਸ਼ਣ ਫੈਲਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਸੀਂ ਇਨ੍ਹਾਂ ਕੰਪਨੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ । ਭਾਰਤ ਵਿੱਚ ਪਹਿਲੀ ਵਾਰ ਬੋਰਡ ਦੁਆਰਾ ਕਰਵਾਏ ਪਲਾਸਟਿਕ ਵੇਸਟ ਬ੍ਰਾਂਡ ਆਡਿਟ ਮਗਰੋਂ ਇਹ ਕਦਮ ਚੁੱਕਿਆ ਗਿਆ ਏ ।

---------------------------------------------------------

ਗੁਰਦਾਸਪੁਰ ਦੇ ਦੀਨਾਨਗਰ ਤੋਂ ਅੱਜ ਲੋਹ ਪੁਰਸ਼ ਸਰਦਾਰ ਵਲੱਭ ਭਾਈ ਪਟੇਲ ਦੀ 150ਵੀਂ ਜਯੰਤੀ ਨੂੰ ਸਮਰਪਿਤ 'ਏਕਤਾ ਦੌੜ'

ਕਰਵਾਈ ਗਈ। ਇਹ ਦੌੜ ਕੁੜੀਆਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਸ਼ੁਰੂ ਹੋ ਗੁਰਦਾਸਪੁਰ ਬਾਈਪਾਸ ਵਿਖੇ ਸਮਾਪਤ ਹੋਈ , ਜਿਸ ਵਿੱਚ ਵੱਡੀ ਗਿਣਤੀ ਵਿੱਚ ਸਕੂਲਾਂ ਅਤੇ ਕਾਲਜਾਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਦੀਨਾਨਗਰ ਦੇ ਐਸ. ਡੀ. ਐਮ. ਜਸਪਿੰਦਰ ਸਿੰਘ ਭੁੱਲਰ ਨੇ ਦੌੜ ਨੂੰ ਰਵਾਨਾ ਕੀਤਾ। ਬੱਚਿਆਂ ਨੇ “ਏਕਤਾ ਵਿੱਚ ਸ਼ਕਤੀ ਹੈ” ਅਤੇ “ਰਾਸ਼ਟਰੀ ਏਕਤਾ ਅਮਰ ਰਹੇ” ਦੇ ਨਾਰੇ ਲਗਾਏ। ਐਸ.ਡੀ.ਐਮ. ਨੇ ਕਿਹਾ ਕਿ ਸਰਦਾਰ ਵੱਲਭ ਭਾਈ ਪਟੇਲ ਵਲੋਂ ਦੇਸ਼ ਦੀ ਏਕਤਾ ਅਤੇ ਅਖੰਡਤਾ ਵਿੱਚ ਪਾਏ ਯੋਗਦਾਨ ਤੋਂ ਸਾਨੂੰ ਦੇਸ਼ ਪ੍ਰੇਮ, ਸਮਰਪਣ ਅਤੇ ਨਿਸ਼ਕਾਮ ਸੇਵਾ ਦੀ ਪ੍ਰੇਰਣਾ ਮਿਲਦੀ ਏ। ਉਨ੍ਹਾਂ ਅੱਗੇ ਕਿਹਾ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਦਿਆਰਥੀਆਂ ਵਲੋਂ ਸਰਦਾਰ ਵਲੱਭ ਭਾਈ ਪਟੇਲ ਜੀ ਦੇ 150ਵੇਂ ਜਨਮ ਦਿਨ ਦੇ ਸਬੰਧ ਵਿੱਚ ਕਰਵਾਈ ਏਕਤਾ ਦੌੜ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਦੋੜ ਵਿਚ ਸ਼ਾਮਿਲ ਵਿਦਿਆਰਥੀਆਂ ਨੇ ਵੀ ਆਪਣੇ ਤਜਰਬੇ ਸਾਂਝੇ ਕੀਤੇ।

BYTE

---------------------------------------------------

ਸੀਮਾ ਸੁਰੱਖਿਆ ਬਲ ਦੇ 60ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮੋਟਰਸਾਈਕਲ ਰੈਲੀ ਅੱਜ ਫਿਰੋਜ਼ਪੁਰ ਤੋਂ ਫਾਜ਼ਿਲਕਾ ਅਤੇ ਰਾਜਸਥਾਨ ਦੇ ਗੰਗਾਨਗਰ ਲਈ ਰਵਾਨਾ ਹੋਈ । ਬੀ.ਐਸ.ਐਫ ਦੇ ਸੁਰੱਖਿਆ ਅਧਿਕਾਰੀ ਮਹਿੰਦਰ ਪਾਲ ਨੇ ਮੋਟਰਸਾਈਕਲ ਰੈਲੀ ਨੂੰ ਰਵਾਨਾ ਕੀਤਾ। ਉਹਨਾਂ ਨੇ ਦੱਸਿਆ ਕਿ ਇਸ ਮੋਟਰਸਾਈਕਲ ਰੈਲੀ ਵਿੱਚ 60 ਬਾਈਕਰ 20 ਨਵੰਬਰ ਤੱਕ ਜੰਮੂ ਤੋਂ ਗੁਜਰਾਤ ਦੇ ਭੁਜ ਤੱਕ ਲਗਭਗ 1 ਹਜ਼ਾਰ 742 ਕਿਲੋਮੀਟਰ ਦੀ ਯਾਤਰਾ ਕਰ ਰਹੇ ਨੇ ਅਤੇ ਦੇਸ਼ ਵਾਸੀਆਂ ਵੱਲੋਂ ਇਹਨਾਂ ਦਾ ਨਿੱਘਾ ਸਵਾਗਤ ਕੀਤਾ ਜਾ ਰਿਹਾ ਏ। ਇਸ ਰੈਲੀ ਦਾ ਉਦੇਸ਼ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨਾ, ਰਾਸ਼ਟਰੀ ਸੁਰੱਖਿਆ ਵਿੱਚ ਬੀ.ਐਸ.ਐਫ ਦੇ ਸ਼ਾਨਦਾਰ ਯੋਗਦਾਨ ਨੂੰ ਉਜਾਗਰ ਕਰਨਾ ਅਤੇ ਨਸ਼ਾ ਮੁਕਤ ਭਾਰਤ ਦਾ ਸੰਦੇਸ਼ ਫੈਲਾਉਣਾ ਏ । ਸ਼ਹੀਦਾਂ ਦੀ ਧਰਤੀ ਫਿਰੋਜ਼ਪੁਰ ਵਿਖੇ ਜੰਮੂ ਤੋਂ ਆਈ ਰੈਲੀ ਦਾ ਅਧਿਕਾਰੀਆਂ, ਜਵਾਨਾਂ, ਨਾਗਰਿਕਾਂ, ਐਨ.ਸੀ.ਸੀ ਕੈਡਿਟਾਂ ਅਤੇ ਹੋਰਨਾਂ ਦੀ ਮੌਜੂਦਗੀ ਵਿੱਚ ਸ਼ਾਨਦਾਰ ਸਵਾਗਤ ਕੀਤਾ।

-----------------------------------------------------

ਸੂਬੇ ਵਿੱਚ ਹਾਲ ਹੀ ‘ਚ ਆਏ ਹੜ੍ਹਾਂ ਕਾਰਨ ਪੈਦਾ ਹੋਈਆਂ ਮੁਸ਼ਕਲਾਂ ਦੇ ਬਾਵਜੂਦ ਪੰਜਾਬ ਦੀਆਂ ਮੰਡੀਆਂ ਵਿੱਚ ਕੀਤੇ ਗਏ ਪੁਖ਼ਤਾ ਪ੍ਰਬੰਧਾਂ ਅਤੇ ਬਿਹਤਰ ਬੁਨਿਆਦੀ ਢਾਂਚੇ ਸਦਕਾ ਝੋਨੇ ਦੀ ਆਮਦ ਅਤੇ ਖਰੀਦ 150 ਲੱਖ ਮੀਟਰਕ ਟਨ ਦੇ ਅੰਕੜੇ ਨੂੰ ਪਾਰ ਕਰਨ ਵਿੱਚ ਸਫਲ ਹੋਈ ਏ । ਪੰਜਾਬ ਸਰਕਾਰ ਦੀ ਸਰਗਰਮ ਪਹੁੰਚ ਸਦਕਾ 10 ਨਵੰਬਰ ਤੱਕ 11 ਲੱਖ ਤੋਂ ਵੱਧ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦਾ ਲਾਭ ਦਿੱਤਾ ਗਿਆ ਏ । ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ, ਝੋਨੇ ਦੀ ਖਰੀਦ, ਚੁਕਾਈ ਅਤੇ ਅਦਾਇਗੀ ਜੋਰਾਂ ਨਾਲ ਚੱਲ ਰਹੀ ਏ । ਪਟਿਆਲਾ ਜ਼ਿਲ੍ਹਾ ਹੁਣ ਤੱਕ 96 ਹਜ਼ਾਰ 852 ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦਾ ਲਾਭ ਪ੍ਰਦਾਨ ਕਰਕੇ ਸਭ ਤੋਂ ਅੱਗੇ ਏ । ਝੋਨੇ ਦੀ ਆਮਦ ਦੇ ਸੰਬੰਧ ਵਿੱਚ, 10 ਨਵੰਬਰ ਸ਼ਾਮ ਤੱਕ ਸੂਬੇ ਭਰ ਦੀਆਂ ਮੰਡੀਆਂ ਵਿੱਚ ਕੁੱਲ 151 ਲਖ ਮੀਟਰਕ ਟਨ ਤੋਂ ਵੱਧ ਝੋਨੇ ਦੀ ਆਮਦ ਹੋਈ ਏ । ਕਿਸਾਨਾਂ ਨੂੰ 34 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਏ ।

---------------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਸ੍ਰੀ ਮੁਕਤਸਰ ਸਾਹਿਬ ਕ੍ਰਿਸ਼ੀ ਵਿਗਆਨ ਕੇਂਦਰ ਨੇ ਅੱਜ ਗੁਰੂ ਰਾਮਦਾਸ ਮਾਲਵਾ ਕਾਲਜ ਬੁੱਟਰ ਸ਼ਰੀਹ ਵਿਖੇ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ, ਜਿਸ ਵਿੱਚ ਕਾਲਜ ਦੇ ਲਗਭਗ 250 ਵਿਦਿਆਰਥੀਆਂ ਨੇ ਹਿੱਸਾ ਲਿਆ। ਐਸੋਸੀਏਟ ਡਾਇਰੈਕਟਰ ਡਾ. ਕਰਮਜੀਤ ਸ਼ਰਮਾ ਨੇ ਦੱਸਿਆ ਕਿ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਦਾ ਸੁਨੇਹਾਂ ਪਿੰਡ ਦੇ ਕਿਸਾਨਾਂ ਤੱਕ ਪਹੁੰਚਾ ਕੇ ਇਸ ਸਮਾਜਿਕ ਕੰਮ ਵਿੱਚ ਉਹ ਆਪਣਾ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ, ਇਸ ਤੋਂ ਇਲਾਵਾ ਉਹਨਾਂ ਨੇ ਪਰਾਲੀ ਦੀ ਸਾਂਭ ਸੰਭਾਲ ਲਈ ਕੇ.ਵੀ.ਕੇ. ਵੱਲੋਂ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਦਿਤੀ ਗਈ।

---------------------------------------------------------------

ਵਧੀਕ ਡਿਪਟੀ ਕਮਿਸ਼ਨਰ ਦਮਨਜੀਤ ਸਿੰਘ ਮਾਨ ਅਤੇ ਐਸ.ਪੀ. ਸਥਾਨਕ ਵੈਭਵ ਚੌਧਰੀ ਨੇ ਅੱਜ ਪਾਤੜਾਂ ਇਲਾਕੇ ਦੇ ਪਿੰਡਾਂ ਦਾ ਦੌਰਾ

ਕਰਕੇ ਪਰਾਲੀ ਨੂੰ ਬਿਨ੍ਹਾਂ ਅੱਗ ਲਾਏ ਸੰਭਾਲਣ ਵਾਲੇ ਕਿਸਾਨਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਬੇਲਰਾਂ ਨਾਲ ਖੇਤਾਂ ਵਿੱਚੋਂ ਇਕੱਠੀ ਕੀਤੀ ਗਈ ਪਰਾਲੀ ਦੇ ਡੰਪ ਦਾ ਵੀ ਦੌਰਾ ਕੀਤਾ ਤੇ ਅੱਗ ਬੁਝਾਊ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਸਹਿਯੋਗ ਸਦਕਾ ਪਟਿਆਲਾ ਜ਼ਿਲ੍ਹੇ 'ਚ ਇਸ ਵਾਰ ਪਰਾਲੀ ਨੂੰ ਅੱਗ ਲਾਉਣ ਦੇ ਮਾਮਲੇ ਕਾਫੀ ਹੱਦ ਤੱਕ ਘਟੇ ਹਨ। ਉਨ੍ਹਾਂ ਨੇ ਇਸ ਦੌਰਾਨ ਵੱਖ ਵੱਖ ਪਿੰਡਾਂ ਵਿੱਚ ਖੇਤਾਂ ਦਾ ਦੌਰਾ ਕੀਤਾ। ਉਨ੍ਹਾਂ ਨੇ ਕਿਸਾਨਾਂ ਨਾਲ ਮੁਲਾਕਾਤ ਕੀਤੀ ਅਤੇ ਪਰਾਲੀ ਨੂੰ ਬਿਨ੍ਹਾਂ ਅੱਗ ਲਾਏ ਐਕਸਸੀਟੂ ਤੇ ਇਨਸੀਟੂ ਪ੍ਰਬੰਧਨ ਰਾਹੀਂ ਸੰਭਾਲਣ ਲਈ ਪ੍ਰੇਰਤ ਕੀਤਾ।

---------------------------------------------------------

ਪੰਜਾਬ ਪੁਲਿਸ ਇੰਸਪੈਕਟਰ ਲਖਵਿੰਦਰ ਸਿੰਘ ਨੇ ਗਾਜ਼ੀਆਬਾਦ ਵਿਖੇ ਹੋ ਰਹੀ ਮਾਸਟਰਜ਼ ਇੰਟਰਨੈਸ਼ਨਲ ਟੈਂਟ ਪੈਗਿੰਗ ਚੈਂਪੀਅਨਸ਼ਿਪ ਵਿੱਚ ਵਿਅਕਤੀਗਤ ਤਲਵਾਰ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਏ । ਉਨ੍ਹਾਂ ਇੱਕ ਸੰਪੂਰਨ 36/36 ਸਕੋਰ ਕੀਤਾ।

ਪੰਜਾਬ ਪੁਲਿਸ ਨੇ ਇੱਕ ਟੀਮ ਦੇ ਰੂਪ ਵਿੱਚ ਟੀਮ ਈਵੈਂਟ ਵਿੱਚ ਚਾਂਦੀ ਦਾ ਤਮਗਾ  ਵੀ ਜਿੱਤਿਆ ਏ । ਟੀਮ ਵਿੱਚ ਆਈ.ਪੀ.ਐਸ ਅਧਿਕਾਰੀ ਇੰਦਰਬੀਰ ਸਿੰਘ, ਡੀ.ਐਸ.ਪੀ ਜਸਵਿੰਦਰ ਸਿੰਘ, ਇੰਸਪੈਕਟਰ ਯੰਗਬੀਰ ਸਿੰਘ ਅਤੇ ਇੰਸਪੈਕਟਰ ਲਖਵਿੰਦਰ ਸਿੰਘ ਸ਼ਾਮਲ ਸਨ। ਆਕਾਸ਼ਵਾਣੀ ਨਾਲ ਗੱਲ ਕਰਦੇ ਹੋਏ, ਇੰਸਪੈਕਟਰ ਯੰਗਬੀਰ ਸਿੰਘ ਨੇ ਆਪਣੀ ਅਤੇ ਆਪਣੀ ਟੀਮ ਦੀ ਜਿੱਤ 'ਤੇ ਖੁਸ਼ੀ ਸਾਂਝੀ ਕੀਤੀ। ਉਸਨੇ ਕਿਹਾ ਕਿ ਚੈਂਪੀਅਨਸ਼ਿਪ ਵਿੱਚ ਬੀ.ਐਸਐ.ਫ, ਆਈ.ਟੀ.ਬੀ.ਪੀ, ਹਰਿਆਣਾ ਪੁਲਿਸ, ਫੌਜ, ਪੰਜਾਬ ਪੁਲਿਸ ਅਤੇ ਦੱਖਣੀ ਅਫਰੀਕਾ ਤੋਂ ਇੱਕ ਟੀਮ ਸਮੇਤ ਛੇ ਟੀਮਾਂ ਨੇ ਹਿੱਸਾ ਲਿਆ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਦਿੱਲੀ ਧਮਾਕੇ ਦੇ ਸਾਜ਼ਿਸਕਾਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਾਰੇ ਜ਼ਿੰਮੇਵਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ।

ਧਮਾਕੇ ਤੋਂ ਬਾਅਦ ਸਥਿਤੀ ਦਾ ਜਾਇਜ਼ਾ ਲੈਣ ਲਈ, ਗ੍ਰਹਿ ਮੰਤਰੀ ਅਮਿਤ ਸ਼ਾਹ, ਨੇ ਇੱਕ ਉੱਚ-ਪੱਧਰੀ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ- ਗ੍ਰਹਿ ਮੰਤਰਾਲੇ ਨੇ ਘਟਨਾ ਦੀ ਜਾਂਚ, ਰਾਸ਼ਟਰੀ ਜਾਂਚ ਏਜੰਸੀ ਨੂੰ ਸੌਂਪੀ।

ਤਰਨਤਾਰਨ ਵਿਧਾਨ ਸਭਾ ਹਲਕੇ ਵਿਚ ਜ਼ਿਮਨੀ ਚੋਣ ਲਈ ਵੋਟ ਪਾਉਣ ਦਾ ਅਮਲ, ਅਮਨ-ਅਮਾਨ ਨਾਲ ਨੇਪਰੇ ਚੜ੍ਹਿਆ।

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੇ ਹਿੱਸੇ ਵਜੋਂ ਅਗਲੇ ਗੇੜ ਦੇ ਲਾਈਟ ਐਂਡ ਸਾਊਂਡ ਸ਼ੋਅ ਅੱਜ ਅੰਮ੍ਰਿਤਸਰ, ਫਿਰੋਜ਼ਪੁਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਸੰਗਰੂਰ ਵਿਖੇ ਕਰਵਾਏ ਜਾ ਰਹੇ ਨੇ।

ਪੰਜਾਬ ਪੁਲਿਸ ਦੇ ਇੰਸਪੈਕਟਰ ਲਖਵਿੰਦਰ ਸਿੰਘ ਨੇ ਗਾਜ਼ੀਆਬਾਦ ਵਿਖੇ ਮਾਸਟਰਜ਼ ਇੰਟਰਨੈਸ਼ਨਲ ਟੈਂਟ ਪੈਗਿੰਗ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**